## TODAY'S HUKAMNAMA FROM SRI DARBAR SAHIB, Sri Amritsar.
**[November 29th , 2021 - Monday - 05:30 AM. IST]**

### ਸੋਰਠਿ ਮਹਲਾ ੩ ॥

**ਹਰਿ ਜੀਉ ਤੁਧੁ ਨੋ ਸਦਾ ਸਾਲਾਹੀ ਪਿਆਰੇ ਜਿਚਰੁ ਘਟ ਅੰਤਰਿ ਹੈ ਸਾਸਾ ॥ ਇਕੁ ਪਲੁ ਖਿਨੁ ਵਿਸਰਹਿ ਤੂ ਸੁਆਮੀ ਜਾਣਉ ਬਰਸ ਪਚਾਸਾ ॥ ਹਮ ਮੂੜ ਮੁਗਧ ਸਦਾ ਸੇ ਭਾਈ ਗੁਰ ਕੈ ਸਬਦਿ ਪ੍ਰਗਾਸਾ ॥੧॥ ਹਰਿ ਜੀਉ ਤੁਮ ਆਪੇ ਦੇਹੁ ਬੁਝਾਈ ॥ ਹਰਿ ਜੀਉ ਤੁਧੁ ਵਿਟਹੁ ਵਾਰਿਆ ਸਦ ਹੀ ਤੇਰੇ ਨਾਮ ਵਿਟਹੁ ਬਲਿ ਜਾਈ ॥ ਰਹਾਉ ॥ ਹਮ ਸਬਦਿ ਮੁਏ ਸਬਦਿ ਮਾਰਿ ਜੀਵਾਲੇ ਭਾਈ ਸਬਦੇ ਹੀ ਮੁਕਤਿ ਪਾਈ ॥ ਸਬਦੇ ਮਨੁ ਤਨੁ ਨਿਰਮਲੁ ਹੋਆ ਹਰਿ ਵਸਿਆ ਮਨਿ ਆਈ ॥ ਸਬਦੁ ਗੁਰ ਦਾਤਾ ਜਿਤੁ ਮਨੁ ਰਾਤਾ ਹਰਿ ਸਿਉ ਰਹਿਆ ਸਮਾਈ ॥੨॥ ਸਬਦੁ ਨ ਜਾਣਹਿ ਸੇ ਅੰਨੇ ਬੋਲੇ ਸੇ ਕਿਤੁ ਆਏ ਸੰਸਾਰਾ ॥ ਹਰਿ ਰਸੁ ਨ ਪਾਇਆ ਬਿਰਥਾ ਜਨਮੁ ਗਵਾਇਆ ਜੰਮਹਿ ਵਾਰੋ ਵਾਰਾ ॥ ਬਿਸਟਾ ਕੇ ਕੀੜੇ ਬਿਸਟਾ ਮਾਹਿ ਸਮਾਣੇ ਮਨਮੁਖ ਮੁਗਧ ਗੁਬਾਰਾ ॥੩॥ ਆਪੇ ਕਰਿ ਵੇਖੈ ਮਾਰਗਿ ਲਾਏ ਭਾਈ ਤਿਸੁ ਬਿਨੁ ਅਵਰੁ ਨ ਕੋਈ ॥ ਜੋ ਧੁਰਿ ਲਿਖਿਆ ਸੁ ਕੋਇ ਨ ਮੇਟੈ ਭਾਈ ਕਰਤਾ ਕਰੇ ਸੁ ਹੋਈ ॥ ਨਾਨਕ ਨਾਮੁ ਵਸਿਆ ਮਨ ਅੰਤਰਿ ਭਾਈ ਅਵਰੁ ਨ ਦੂਜਾ ਕੋਈ ॥੪॥੪॥**

**ਸੋਮਵਾਰ, ੧੪ ਮੱਘਰ (ਸੰਮਤ ੫੫੩ ਨਾਨਕਸ਼ਾਹੀ) ੨੯ ਨਵੰਬਰ, ੨੦੨੧ (ਅੰਗ: ੬੦੧)**

ਪੰਜਾਬੀ ਵਿਆਖਿਆ :

### ਸੋਰਠਿ ਮਹਲਾ ੩ ॥

ਹੇ ਪਿਆਰੇ ਪ੍ਰਭੂ ਜੀ! (ਮੇਹਰ ਕਰ) ਜਿਤਨਾ ਚਿਰ ਮੇਰੇ ਸਰੀਰ ਵਿਚ ਜਿੰਦ ਹੈ, ਮੈਂ ਸਦਾ ਤੇਰੀ ਸਿਫ਼ਤਿ-ਸਾਲਾਹ ਕਰਦਾ ਰਹਾਂ । ਹੇ ਮਾਲਕ-ਪ੍ਰਭੂ! ਜਦੋਂ ਤੂੰ ਮੈਨੂੰ ਇਕ ਪਲ-ਭਰ ਇਕ ਛਿਨ-ਭਰ ਵਿੱਸਰਦਾ ਹੈਂ, ਮੈਂ ਪੰਜਾਹ ਸਾਲ ਬੀਤ ਗਏ ਸਮਝਦਾ ਹਾਂ । ਹੇ ਭਾਈ! ਅਸੀ ਸਦਾ ਤੋਂ ਮੂਰਖ ਅੰਞਾਣ ਤੁਰੇ ਆ ਰਹੇ ਸਾਂ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਸਾਡੇ ਅੰਦਰ ਆਤਮਕ ਜੀਵਨ ਦਾ) ਚਾਨਣ ਹੋਇਆ ਹੈ ।੧। ਹੇ ਪ੍ਰਭੂ ਜੀ! ਤੂੰ ਆਪ ਹੀ (ਆਪਣਾ ਨਾਮ ਜਪਣ ਦੀ ਮੈਨੂੰ) ਸਮਝ ਬਖ਼ਸ਼ । ਹੇ ਪ੍ਰਭੂ! ਮੈਂ ਤੈਥੋਂ ਸਦਾ ਸਦਕੇ ਜਾਵਾਂ, ਮੈਂ ਤੇਰੇ ਨਾਮ ਤੋਂ ਕੁਰਬਾਨ ਜਾਵਾਂ ।ਰਹਾਉ। ਹੇ ਭਾਈ! ਅਸੀ (ਜੀਵ) ਗੁਰੂ ਦੇ ਸ਼ਬਦ ਦੀ ਰਾਹੀਂ (ਵਿਕਾਰਾਂ ਵਲੋਂ) ਮਰ ਸਕਦੇ ਹਾਂ, ਸ਼ਬਦ ਦੀ ਰਾਹੀਂ ਹੀ (ਵਿਕਾਰਾਂ ਵਲੋਂ) ਮਾਰ ਕੇ (ਗੁਰੂ) ਆਤਮਕ ਜੀਵਨ ਦੇਂਦਾ ਹੈ, ਗੁਰੂ ਦੇ ਸ਼ਬਦ ਵਿਚ ਜੁੜਿਆਂ ਹੀ ਵਿਕਾਰਾਂ ਵਲੋਂ ਖ਼ਲਾਸੀ ਹਾਸਲ ਹੁੰਦੀ ਹੈ । ਗੁਰੂ ਦੇ ਸ਼ਬਦ ਦੀ ਰਾਹੀਂ ਹੀ ਮਨ ਪਵਿਤ੍ਰ ਹੁੰਦਾ ਹੈ, ਸਰੀਰ ਪਵਿਤ੍ਰ ਹੁੰਦਾ ਹੈ, ਅਤੇ ਪਰਮਾਤਮਾ ਮਨ ਵਿਚ ਆ ਵੱਸਦਾ ਹੈ । ਹੇ ਭਾਈ! ਗੁਰੂ ਦਾ ਸ਼ਬਦ (ਹੀ ਨਾਮ ਦੀ ਦਾਤਿ) ਦੇਣ ਵਾਲਾ ਹੈ, ਜਦੋਂ ਸ਼ਬਦ ਵਿਚ ਮਨ ਰੰਗਿਆ ਜਾਂਦਾ ਹੈ ਤਾਂ ਪਰਮਾਤਮਾ ਵਿਚ ਲੀਨ ਹੋ ਜਾਂਦਾ ਹੈ ।੨। ਹੇ ਭਾਈ! ਜੇਹੜੇ ਮਨੁੱਖ ਗੁਰੂ ਦੇ ਸ਼ਬਦ ਨਾਲ ਸਾਂਝ ਨਹੀਂ ਪਾਂਦੇ ਉਹ (ਮਾਇਆ ਦੇ ਮੋਹ ਵਿਚ

ਆਤਮਕ ਜੀਵਨ ਵਲੋਂ) ਅੰਨ੍ਹੇ ਬੋਲੇ ਹੋਏ ਰਹਿੰਦੇ ਹਨ, ਸੰਸਾਰ ਵਿਚ ਆ ਕੇ ਉਹ ਕੁਝ ਨਹੀਂ ਖੱਟਦੇ । ਉਹਨਾਂ ਨੂੰ ਪ੍ਰਭੂ ਦੇ ਨਾਮ ਦਾ ਸੁਆਦ ਨਹੀਂ ਆਉਂਦਾ, ਉਹ ਆਪਣਾ ਜੀਵਨ ਵਿਅਰਥ ਗਵਾ ਜਾਂਦੇ ਹਨ, ਉਹ ਮੁੜ ਮੁੜ ਜੰਮਦੇ ਮਰਦੇ ਰਹਿੰਦੇ ਹਨ । ਜਿਵੇਂ ਗੰਦ ਦੇ ਕੀੜੇ ਗੰਦ ਵਿਚ ਹੀ ਟਿਕੇ ਰਹਿੰਦੇ ਹਨ, ਤਿਵੇਂ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮੂਰਖ ਮਨੁੱਖ (ਅਗਿਆਨਤਾ ਦੇ) ਹਨੇਰੇ ਵਿਚ ਹੀ (ਮਸਤ ਰਹਿੰਦੇ ਹਨ) ।੩। ਪਰ, ਹੇ ਭਾਈ! (ਜੀਵਾਂ ਦੇ ਭੀ ਕੀਹ ਵੱਸ?) ਪ੍ਰਭੂ ਆਪ ਹੀ (ਜੀਵਾਂ ਨੂੰ) ਪੈਦਾ ਕਰ ਕੇ ਸੰਭਾਲ ਕਰਦਾ ਹੈ, ਆਪ ਹੀ (ਜੀਵਨ ਦੇ ਸਹੀ) ਰਸਤੇ ਪਾਂਦਾ ਹੈ, ਉਸ ਪ੍ਰਭੂ ਤੋਂ ਬਿਨਾ ਹੋਰ ਕੋਈ ਨਹੀਂ (ਜੋ ਜੀਵਾਂ ਨੂੰ ਰਾਹ ਦੱਸ ਸਕੇ) । ਹੇ ਭਾਈ! ਕਰਤਾਰ ਜੋ ਕੁਝ ਕਰਦਾ ਹੈ ਉਹੀ ਹੁੰਦਾ ਹੈ, ਧੁਰ ਦਰਗਾਹ ਤੋਂ (ਜੀਵਾਂ ਦੇ ਮੱਥੇ ਤੇ ਲੇਖ) ਲਿਖ ਦੇਂਦਾ ਹੈ, ਉਸ ਨੂੰ ਕੋਈ (ਹੋਰ) ਮਿਟਾ ਨਹੀਂ ਸਕਦਾ । ਹੇ ਨਾਨਕ! (ਆਖ—) ਹੇ ਭਾਈ! (ਉਸ ਪ੍ਰਭੂ ਦੀ ਮੇਹਰ ਨਾਲ ਹੀ ਉਸ ਦਾ) ਨਾਮ (ਮਨੁੱਖ ਦੇ) ਮਨ ਵਿਚ ਵੱਸ ਸਕਦਾ ਹੈ, ਕੋਈ ਹੋਰ ਇਹ ਦਾਤਿ ਦੇਣ ਜੋਗਾ ਨਹੀਂ ਹੈ ।੪।੪।

English Translation :

## SORAT'H, THIRD MEHL:

Dear Beloved Lord, I praise You continually, as long as there is the breath within my body. If I were to forget You, for a moment, even for an instant, O Lord Master, it would be like fifty years for me. I was always such a fool and an idiot, O Siblings of Destiny, but now, through the Word of the Guru's Shabad, my mind is enlightened. || 1 || Dear Lord, You Yourself bestow understanding. Dear Lord, I am forever a sacrifice to You; I am dedicated and devoted to Your Name. || Pause || I have died in the Word of the Shabad, and through the Shabad, I am dead while yet alive, O Siblings of Destiny; through the Shabad, I have been liberated. Through the Shabad, my mind and body have been purified, and the Lord has come to dwell within my mind. The Guru is the Giver of the Shabad; my mind is imbued with it, and I remain absorbed in the Lord. || 2 || Those who do not know the Shabad are blind and deaf; why did they even bother to come into the world? They do not obtain the subtle essence of the Lord's elixir; they waste away their lives, and are reincarnated over and over again. The blind, idiotic, self-willed manmukhs are like maggots in manure, and in manure they rot away. || 3 || The Lord Himself creates us, watches over us, and places us on the Path, O Siblings of Destiny; there is no one other than Him. No one can erase that which is pre-ordained, O Siblings of Destiny; whatever the Creator wills, comes to pass. O Nanak, the Naam, the Name of the Lord, abides deep within the mind; O Siblings of Destiny, there is no other at all. || 4 || 4 ||